ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times | 19 ਨਵੰਬਰ 2026 ਦਿਨ ਵੀਰਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਜਸਵੀਰ ਸਿੰਘ ਭਲੂਰੀਆ ਦੀ ਪੁਸਤਕ 'ਜਸਵੀਰ ਦੇ ਵਿਅੰਗ ਤੀਰ' ਲੋਕ ਅਰਪਣ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ 19 ਨਵੰਬਰ : ਕੇਂਦਰੀ ਪੰਜਾਬੀ ਲੇਖਕ ਸਭਾ (ਉੱਤਰੀ ਅਮਰੀਕਾ) ਵੱਲੋਂ ਨਵੰਬਰ ਮਹੀਨੇ ਦਾ ਮਾਸਿਕ ਇਕੱਤਰਤਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਦਿਆਂ ਸੀਨੀਅਰ ਸਿਟੀਜ਼ਨ ਸੈਂਟਰ ਦੇ ਹਾਲ ਵਿੱਚ ਕਰਵਾਈ ਗਈ। ਇਸ ਮੌਕੇ ਬਹੁਵਿਧਾਈ ਲੇਖਕ ਜਸਵੀਰ ਸਿੰਘ ਭਲੂਰੀਆ ਦੀ ਕਾਵਿ-ਵਿਅੰਗ ਪੁਸਤਕ 'ਜਸਵੀਰ ਦੇ ਵਿਅੰਗ ਤੀਰ' ਲੋਕ ਅਰਪਣ ਕੀਤੀ ਗਈ ਅਤੇ ਸਭਾ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਸਭਾ ਦੇ ਜਨਰਲ ਸਕੱਤਰ ਪਲਵਿੰਦਰ ਸਿੰਘ ਰੰਧਾਵਾ ਨੇ ਮੰਚ ਸੰਚਾਲਨ ਕਰਦਿਆਂ ਲੇਖਕਾਂ, ਕਵੀਆਂ ਅਤੇ ਸਾਹਿਤ ਪ੍ਰੇਮੀਆਂ ਦਾ ਸਵਾਗਤ ਕੀਤਾ। ਪ੍ਰਧਾਨਗੀ ਮੰਡਲ ਵਿੱਚ ਸਭਾ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਗਿੱਲ, ਸਾਬਕਾ ਪ੍ਰਧਾਨ ਬਿੱਕਰ ਸਿੰਘ ਖੋਸਾ, ਜਸਵੀਰ ਸਿੰਘ ਭਲੂਰੀਆ ਅਤੇ ਪਲਵਿੰਦਰ ਸਿੰਘ ਰੰਧਾਵਾ ਸ਼ਾਮਲ ਸਨ।

ਕਵੀ ਦਰਬਾਰ ਦੀ ਸ਼ੁਰੂਆਤ ਮਨਜੀਤ ਸਿੰਘ ਮੱਲ੍ਹਾ ਨੇ ਸੰਤ ਰਾਮ ਉਦਾਸੀ ਦੀ ਗੁਰੂ ਨਾਨਕ ਸਾਹਿਬ ਨਾਲ ਸਬੰਧਿਤ ਕਵਿਤਾ ਨਾਲ ਕੀਤੀ। ਇਸ ਉਪਰੰਤ ਪਵਨ ਭੱਮੀਆਂ, ਸੁਰਜੀਤ ਸਿੰਘ ਗਿੱਲ, ਰਣਜੀਤ ਸਿੰਘ ਨਿੱਝਰ, ਸੁਖਪ੍ਰੀਤ ਬੱਡੋਂ, ਸੁਰਿੰਦਰ ਸਿੰਘ ਜੱਬਲ, ਹਰਚੰਦ ਸਿੰਘ ਗਿੱਲ, ਗਿਆਨ ਸਿੰਘ ਕੋਟਲੀ, ਸ਼ਤੀਸ਼ ਗੁਲਾਟੀ, ਗੁਰਬਖਸ਼ ਸਿੰਘ ਸਿੱਧੂ, ਅਮਰੀਕ ਪਲਾਹੀ, ਗੁਰਦਰਸ਼ਨ ਬਾਦਲ, ਇੰਦਰਜੀਤ ਸਿੰਘ ਧਾਮੀ, ਸੁੱਖ ਗੋਹਲਵੜ, ਜਰਨੈਲ ਸਿੰਘ ਭੰਡਾਲ, ਹਰਦਮ ਮਾਨ, ਵੀਤ ਬਾਦਸ਼ਾਹਪੁਰੀ, ਗੁਰਮੀਤ ਕਾਲਕਟ, ਰਾਜਦੀਪ ਤੂਰ, ਅਮਰਜੀਤ ਕੌਰ ਅਤੇ ਦਵਿੰਦਰ ਕੌਰ ਜੌਹਲ ਸਮੇਤ ਹੋਰਨਾਂ ਕਵੀਆਂ ਨੇ ਆਪਣੀਆਂ ਕਵਿਤਾਵਾਂ, ਗ਼ਜ਼ਲਾਂ, ਗੀਤਾਂ ਅਤੇ ਵਿਅੰਗ ਰਚਨਾਵਾਂ ਰਾਹੀਂ ਹਾਜ਼ਰੀ ਲਵਾਈ।

ਮੋਤਾ ਸਿੰਘ ਝੀਤਾ, ਅਜਮੇਰ ਸਿੰਘ ਢਿੱਲੋਂ, ਡਾ. ਰਣਜੀਤ ਸਿੰਘ ਪੰਨੂੰ ਅਤੇ ਪ੍ਰਿ. ਮਲੂਕ ਚੰਦ ਕਲੇਰ ਨੇ ਆਪਣੇ ਵਿਚਾਰ ਸਾਂਝੇ ਕੀਤੇ, ਜਦਕਿ ਪ੍ਰੋ. ਕਸ਼ਮੀਰਾ ਸਿੰਘ ਨੇ ਗੁਰੂ ਨਾਨਕ ਸਾਹਿਬ ਦੇ ਜੀਵਨ ਅਤੇ ਫ਼ਲਸਫ਼ੇ ਨਾਲ ਸਬੰਧਿਤ ਸਰੋਤਿਆਂ ਦੇ ਸਵਾਲਾਂ ਦੇ ਜਵਾਬ ਦਿੱਤੇ। ਉੱਘੇ ਗਾਇਕ ਰਾਜਾ ਰਣਜੋਧ, ਚਰਨਜੀਤ ਸਲ੍ਹੀਣਾ, ਸੁਰਜੀਤ ਸਿੰਘ ਮਾਧੋਪੁਰੀ ਅਤੇ ਸੰਗੀਤ ਨਿਰਦੇਸ਼ਕ ਤੇ ਗਾਇਕ ਕੇ.ਸੀ. ਨਾਇਕ ਨੇ ਜਸਵੀਰ ਸਿੰਘ ਭਲੂਰੀਆ ਦੇ ਗੀਤਾਂ ਨੂੰ ਆਪਣੀਆਂ ਸੁਰੀਲੀਆਂ ਆਵਾਜ਼ਾਂ ਵਿੱਚ ਪੇਸ਼ ਕਰਕੇ ਸਮਾਗਮ ਨੂੰ ਸੰਗੀਤਕ ਰੰਗਤ ਦਿੱਤੀ।

ਪੁਸਤਕ ਬਾਰੇ ਪਲਵਿੰਦਰ ਸਿੰਘ ਰੰਧਾਵਾ, ਪ੍ਰਿਤਪਾਲ ਸਿੰਘ ਗਿੱਲ ਅਤੇ ਡਾ. ਦਵਿੰਦਰ ਪਾਲ ਕੌਰ ਨੇ ਆਪਣੇ ਪਰਚੇ ਪੜ੍ਹੇ ਅਤੇ ਪੁਸਤਕ ਦੀਆਂ ਸਾਹਿਤਕ ਵਿਸ਼ੇਸ਼ਤਾਵਾਂ ਬਾਰੇ ਵਿਚਾਰ ਪੇਸ਼ ਕੀਤੇ। ਜਸਵੀਰ ਸਿੰਘ ਭਲੂਰੀਆ ਨੇ ਆਪਣੇ ਸਾਹਿਤਕ ਸਫ਼ਰ ਅਤੇ ਨਵਪ੍ਰਕਾਸ਼ਿਤ ਪੁਸਤਕ ਦੀ ਸਿਰਜਣ ਪ੍ਰਕਿਰਿਆ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਆਪਣਾ ਇੱਕ ਸ਼ੇਅਰ ਵੀ ਪੇਸ਼ ਕੀਤਾ। ਸਮਾਗਮ ਦੇ ਅੰਤ ਵਿੱਚ ਪ੍ਰਧਾਨਗੀ ਮੰਡਲ ਅਤੇ ਸਭਾ ਦੇ ਅਹੁਦੇਦਾਰਾਂ ਦੀ ਹਾਜ਼ਰੀ ਵਿੱਚ ਪੁਸਤਕ ਲੋਕ ਅਰਪਣ ਕੀਤੀ ਗਈ। ਸਭਾ ਵੱਲੋਂ ਜਸਵੀਰ ਸਿੰਘ ਭਲੂਰੀਆ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਸਾਹਿਤਕਾਰਾਂ, ਪੱਤਰਕਾਰਾਂ, ਸਮਾਜ ਸੇਵੀਆਂ ਅਤੇ ਸਾਹਿਤ ਪ੍ਰੇਮੀਆਂ ਦੀ ਭਰਵੀਂ ਸ਼ਮੂਲੀਅਤ ਰਹੀ।

ਕ੍ਰਿਸਮਸ ਤੇ ਨਵੇਂ ਸਾਲ ਦੇ ਜਸ਼ਨਾਂ ਨੂੰ ਸਮਰਪਿਤ 'ਨੇਕੇ ਦੀ ਮਹਿਫ਼ਿਲ' 29 ਨਵੰਬਰ ਨੂੰ ਸਰੀ ਵਿਖੇ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 19 ਨਵੰਬਰ : ਕ੍ਰਿਸਮਸ ਅਤੇ ਨਵੇਂ ਸਾਲ ਦੇ ਆਗਮਨ ਦੀ ਖੁਸ਼ੀ ਸਾਂਝੀ ਕਰਨ ਲਈ ਸਰਕਾਰ ਰੈਸਟੋਰੈਂਟ ਵੱਲੋਂ 29 ਨਵੰਬਰ, ਦਿਨ ਐਤਵਾਰ ਨੂੰ 'ਨੇਕੇ ਦੀ ਮਹਿਫ਼ਿਲ' ਦੇ ਨਾਮ ਹੇਠ ਵਿਸ਼ੇਸ਼ ਸਮਾਗਮ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਸਰੀ ਸਥਿਤ ਅਰੀਆ ਬੈਂਕੁਇਟ ਐਂਡ ਕਨਵੈਨਸ਼ਨ ਸੈਂਟਰ (12350 ਪਟ੍ਰੋਲੇ ਪਲੇਸ) ਵਿਖੇ ਸ਼ਾਮ 5 ਵਜੇ ਤੋਂ ਰਾਤ 10 ਵਜੇ ਤੱਕ ਹੋਵੇਗਾ। ਸਮਾਗਮ ਦੌਰਾਨ ਸੰਗੀਤਕ ਪੇਸ਼ਕਾਰੀਆਂ ਦੇ ਨਾਲ-ਨਾਲ ਮਨੋਰੰਜਨ ਅਤੇ ਸੱਭਿਆਚਾਰਕ ਰੰਗਾਂ ਦਾ ਵਿਸ਼ੇਸ਼ ਪ੍ਰਬੰਧ ਹੋਵੇਗਾ। ਪ੍ਰੋਗਰਾਮ ਵਿਚ ਹਰਨੇਕ ਸਿੰਘ ਰਾਣਾ ਸਮੇਤ ਕਈ ਕਲਾਕਾਰ ਆਪਣੀ ਹਾਜ਼ਰੀ ਨਾਲ ਮਹਿਫ਼ਿਲ ਨੂੰ ਰੌਣਕਮਈ ਬਣਾਉਣਗੇ।

ਦਸ਼ਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌ ਵਿਖੇ ਨੈਸ਼ਨਲ ਇੰਟੀਗਰੇਸ਼ਨ ਡੇਅ ਮਨਾਇਆ ਗਿਆ


ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 19 ਨਵੰਬਰ : ਅੱਜ ਦਸ਼ਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌ ਵਿਖੇ ਐਨ.ਐਸ.ਐਸ. ਯੂਨਿਟ ਵੱਲੋਂ ਨੈਸ਼ਨਲ ਇੰਟੀਗਰੇਸ਼ਨ ਡੇਅ ਮਨਾਇਆ ਗਿਆ। ਜਿਸ ਦਾ ਮੁੱਖ ਉਦੇਸ਼ ਬੱਚਿਆਂ ਨੂੰ ਸਾਰੇ ਮਤਭੇਦ ਭੁੱਲ ਕੇ ਏਕਤਾ ਤੇ ਸ਼ਾਂਤੀ ਨਾਲ ਰਹਿਣ ਲਈ ਪ੍ਰੇਰਿਤ ਕਰਨਾ ਹੈ। ਇਸ ਮੌਕੇ ਐਨ ਐਸ ਐਸ ਪ੍ਰੋਗਰਾਮ ਅਫ਼ਸਰ ਸ੍ਰੀਮਤੀ ਸ਼ਮਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਇਹ ਦਿਵਸ ਦੇਸ਼ ਦੀ ਪਹਿਲੀ ਮਹਿਲਾ ਪ੍ਰਧਾਨ ਮੰਤਰੀ ਸ੍ਰੀਮਤੀ ਇੰਦਰਾ ਗਾਂਧੀ ਜੀ ਦੇ ਜਨਮਦਿਨ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਇਸ ਦਿਵਸ ਦਾ ਮੁੱਖ ਉਦੇਸ਼ ਭਾਰਤ ਦੇ ਵੱਖ-ਵੱਖ ਭਾਈਚਾਰਿਆਂ ਵਿੱਚ ਸ਼ਾਂਤੀ ਸਦਭਾਵਨਾ ਅਤੇ ਏਕਤਾ ਨੂੰ ਉਤਸਾਹਿਤ ਕਰਨਾ ਹੈ। ਭਾਰਤੀ ਇੱਕ ਵਿਸ਼ਾਲ ਦੇਸ਼ ਹੈ ਜਿੱਥੇ ਕਈ ਧਰਮਾਂ, ਭਾਸ਼ਾਵਾਂ ਅਤੇ ਸੱਭਿਆਚਾਰਾਂ ਦੇ ਲੋਕ ਰਹਿੰਦੇ ਹਨ, ਸਾਡੀ ਇਹੀ ਵਿਭਿੰਨਤਾ ਸਾਡੀ ਸਭ ਤੋਂ ਵੱਡੀ ਤਾਕਤ ਹੈ। ਇਸ ਉਪਰੰਤ ਕੁਝ ਬੱਚਿਆਂ ਵੱਲੋਂ ਰਾਸ਼ਟਰੀ ਏਕਤਾ ਸਬੰਧੀ ਕਵਿਤਾ ਉਚਾਰਨ ਮੁਕਾਬਲੇ ਵਿੱਚ ਭਾਗ ਲਿਆ ਗਿਆ। ਇਸ ਮੌਕੇ ਬੋਲਦਿਆਂ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਬਲਜੀਤ ਸਿੰਘ ਨੇ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਜਦੋਂ ਸਮਾਜ ਵਿੱਚ ਵੰਡੀਆਂ ਪਾਉਣ ਵਾਲੀਆਂ ਤਾਕਤਾਂ ਸਰਗਰਮ ਹਨ, ਕੌਮੀ ਏਕਤਾ ਦੀ ਲੋੜ ਹੋਰ ਵੀ ਜਰੂਰੀ ਹੋ ਜਾਂਦੀ ਹੈ। ਇਸ ਪ੍ਰੋਗਰਾਮ ਵਿੱਚ ਸਕੂਲ ਦੇ ਡਾਇਰੈਕਟਰ/ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਅਤੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਵੱਲੋਂ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ।

ਸਰਕਾਰੀ ਸੀ.ਸੈ.ਸਕੂਲ ਪੱਖੋਕਲਾਂ ਦੀਆਂ ਵਿਦਿਆਰਥਣਾਂ ਨੇ ਰਾਜ ਪੱਧਰ 'ਤੇ ਕਬੱਡੀ ਸਰਕਲ ਸਟਾਈਲ 'ਚ ਮਾਰੀਆਂ ਮੱਲਾਂ


ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਫ਼ਰੀਦਕੋਟ, 19 ਨਵੰਬਰ : ਸਿੱਖਿਆ ਵਿਭਾਗ ਵੱਲੋਂ ਕਰਵਾਈਆਂ ਸਕੂਲੀ ਖੇਡਾਂ 2026-27 ਦੌਰਾਨ ਸੀਨੀਅਰ ਸੈਕੰਡਰੀ ਸਕੂਲ ਪੱਖੋਕਲਾਂ ਦੀਆਂ ਵਿਦਿਆਰਥਣਾਂ ਨੇ ਜ਼ਿਲਾ ਸਿੱਖਿਆ ਅਫ਼ਸਰ ਸੈਕੰਡਰੀ ਫ਼ਰੀਦਕੋਟ ਸ੍ਰੀਮਤੀ ਅੰਜਨਾ ਕੌਸ਼ਲ ਅਤੇ ਉਪ ਜ਼ਿਲਾ ਸਿੱਖਿਆ ਅਫ਼ਸਰ ਐਲੀਮੈਂਟਰੀ ਫ਼ਰੀਦਕੋਟ ਸ੍ਰੀ ਪਵਨ ਕੁਮਾਰ ਦੀ ਯੋਗ ਸਰਪ੍ਰਸਤੀ ਅਤੇ ਸਕੂਲ ਦੇ ਨੈਸ਼ਨਲ ਐਵਾਰਡੀ ਪ੍ਰਿੰਸੀਪਲ ਗੋਪਾਲ ਕ੍ਰਿਸ਼ਨ ਦੀ ਯੋਗ ਅਗਵਾਈ ਹੇਠ ਸਕੂਲ ਦੀ ਅਧਿਆਪਿਕਾ ਪ੍ਰਭਜੋਤ ਕੌਰ ਤੋਂ ਸਿਖਲਾਈ ਲੈ ਕੇ ਤਿਆਰੀ ਕੀਤੀ ਤੇ ਖੇਡ ਦੇ ਮੈਦਾਨ 'ਚ ਉੱਤਰੀਆਂ। ਇਹ ਖਿਡਾਰਣਾਂ ਨੇ ਜ਼ੋਨ, ਜ਼ਿਲਾ ਅਤੇ ਰਾਜ ਪੱਧਰ 'ਤੇ ਸਥਾਨ ਪ੍ਰਾਪਤ ਕਰਕੇ, ਸਕੂਲ, ਅਧਿਆਪਕਾਂ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਅੰਡਰ-14 ਕਬੱਡੀ ਸਰਕਲ ਸਟਾਈਲ ਲੜਕੀਆਂ 'ਚ ਰਾਜ ਪੱਧਰ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਖੀ ਕਲਾਂ ਦੀ ਖਿਡਾਰਣਾਂ ਨੇ ਜ਼ਿਲੇ ਦੀ ਟੀਮ ਨੂੰ ਦੂਜਾ ਸਥਾਨ ਹਾਸਲ ਕਰਾਉਣ 'ਚ ਅਹਿਮ ਭੂਮਿਕਾ ਅਦਾ ਕੀਤੀ। ਇਸ ਟੀਮ 'ਚ ਗੁਰਨੂਰ ਕੌਰ, ਸ਼ੁਭਦੀਪ ਕੌਰ, ਨੀਲਮ, ਹਰਪ੍ਰੀਤ ਕੌਰ, ਵੀਰਪਾਲ ਨੇ ਅਹਿਮ ਭੂਮਿਕਾ ਨਿਭਾਉਂਦੇ ਹੋਏ ਦੂਜਾ ਸਥਾਨ ਪ੍ਰਾਪਤ ਕਰਦਿਆਂ ਸਿਲਵਰ ਮੈਡਲ ਜਿੱਤੇ। ਇਸ ਦੇ ਨਾਲ ਹੀ ਅੰਡਰ-19 ਕਬੱਡੀ ਸਰਕਲ ਸਾਟਈਲ ਕਬੱਡੀ ਮੁਕਾਬਲੇ 'ਚ ਤੀਜਾ ਸਥਾਨ ਕਰਨ ਵਾਲੀ ਟੀਮ 'ਚ ਸਕੂਲ ਦੀਆਂ ਖਿਡਾਰਣਾਂ ਨਵਜੋਤ ਕੋਰ, ਸਿਮਰਨਜੋਤ ਕੌਰ, ਜਸ਼ਨਦੀਪ ਕੌਰ, ਰਮਨਪ੍ਰੀਤ ਕੌਰ ਨੇ ਸ਼ਾਨਦਾਰ ਖੇਡ ਵਿਖਾ ਕੇ ਟੀਮ ਨੂੰ ਤੀਜੇ ਸਥਾਨ ਤੱਕ ਲਿਜਾਣ 'ਚ ਅਹਿਮ ਭੂਮਿਕਾ ਅਦਾ ਕੀਤੀ। ਜ਼ਿਲੇ ਦੀ ਅੰਡਰ-14 ਅਤੇ ਅੰਡਰ-19 ਕਬੱਡੀ ਟੀਮ 'ਚ ਖੇਡਣ ਵਾਲੀਆਂ ਖਿਡਾਰਣਾਂ ਦਾ ਸਕੂਲ ਪਹੁੰਚਣ ਤੇ ਪ੍ਰਿੰਸੀਪਲ ਗੋਪਾਲ ਕ੍ਰਿਸ਼ਨ ਅਤੇ ਸਟਾਫ਼ ਵੱਲੋਂ ਸ਼ਾਨਦਾਰ ਸੁਆਗਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਨੇ ਕਿਹਾ ਕਿ ਸਕੂਲ, ਅਧਿਆਪਕਾਂ ਅਤੇ ਮਾਪਿਆਂ ਦਾ ਨਾਮ ਚਮਕਾਉਣ ਵਾਲੀਆਂ ਇਹ ਖਿਡਾਰਣਾਂ ਤੋਂ ਸਾਨੂੰ ਸਭ ਨੂੰ ਪ੍ਰੇਰਣਾ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜ਼ਿੰਦਗੀ 'ਚ ਮੈਦਾਨ ਕੋਈ ਵੀ ਹੋਵੇ, ਜਿੱਤ ਕੇਵਲ ਅਤੇ ਕੇਵਲ ਮਿਹਨਤ ਕਰਨ ਵਾਲੇ ਲੋਕਾਂ ਦੀ ਹੁੰਦੀ ਹੈ। ਇਸ ਮੌਕੇ ਮਨਦੀਪ ਕੌਰ, ਅੰਜਨਾ ਜੈਨ, ਕੰਵਲਜੀਤ ਸਿੰਘ, ਸਤਨਾਮ ਕੌਰ, ਹਰਦੀਪ ਸਿੰਘ, ਜੀਵਨ ਕੁਮਾਰ ਅਧਿਆਪਕਾਂ ਨੇ ਵੀ ਜੇਤੂ ਖਿਡਾਰਣਾਂ ਨੂੰ ਵਧਾਈ ਦਿੱਤੀ।

ਗ਼ਜ਼ਲ ਮੰਚ ਸਰੀ ਵੱਲੋਂ ਨਸਲਵਾਦ ਦੇ ਵਰਤਾਰੇ ਅਤੇ ਔਰਤਾਂ ਦੀ ਕਾਵਿ-ਚੇਤਨਾ ਬਾਰੇ ਸਮਾਗਮ 5 ਦਸੰਬਰ ਨੂੰ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ




ਸਰੀ 19 ਨਵੰਬਰ : ਗ਼ਜ਼ਲ ਮੰਚ ਸਰੀ ਵੱਲੋਂ ਸਾਹਿਤਕ ਅਤੇ ਸਮਾਜਿਕ ਸਰੋਕਾਰਾਂ ਨੂੰ ਸਮਰਪਿਤ ਇੱਕ ਵਿਸ਼ੇਸ਼ ਸੈਮੀਨਾਰ ਅਤੇ ਕਵੀ ਦਰਬਾਰ 5 ਦਸੰਬਰ, 2026 ਨੂੰ ਸਰੀ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਮਾਗਮ ਦਾ ਮੁੱਖ ਵਿਸ਼ਾ 'ਨਸਲਵਾਦ' ਅਤੇ 'ਔਰਤਾਂ ਦੀਆਂ ਕਾਵਿਕ ਸਰਗੋਸ਼ੀਆਂ' ਹੋਵੇਗਾ। ਇਹ ਸਮਾਗਮ ਸਵੇਰੇ 11:30 ਵਜੇ ਸ਼ਾਹੀ ਕੇਟਰਿੰਗ, (12815-85 ਐਵਨਿਊ), ਸਰੀ ਵਿਖੇ ਹੋਵੇਗਾ।

ਇਸ ਸਮਾਗਮ ਵਿੱਚ ਨਸਲਵਾਦ ਦੇ ਵੱਖ-ਵੱਖ ਸਮਾਜਿਕ ਪੱਖਾਂ, ਮਨੁੱਖੀ ਬਰਾਬਰੀ, ਸਮਾਜਿਕ ਨਿਆਂ ਅਤੇ ਮਨੁੱਖੀ ਸਾਂਝ ਦੇ ਮਹੱਤਵ ਬਾਰੇ ਵਿਚਾਰ-ਚਰਚਾ ਹੋਵੇਗੀ। ਇਸ ਦੇ ਨਾਲ ਹੀ ਔਰਤਾਂ ਦੀ ਸਾਹਿਤਕ ਸੰਵੇਦਨਾ, ਕਾਵਿ-ਚੇਤਨਾ, ਅਨੁਭਵਾਂ ਅਤੇ ਰਚਨਾਤਮਕ ਪ੍ਰਗਟਾਵੇ ਨੂੰ ਸਮਰਪਿਤ ਕਾਵਿ-ਸਿੰਪੋਜ਼ੀਅਮ ਵੀ ਕਰਵਾਇਆ ਜਾਵੇਗਾ। ਇਸ ਸਮਾਗਮ ਵਿੱਚ ਡਾ. ਅਮਰਜੀਤ ਭੁੱਲਰ, ਡਾ. ਸਾਧੂ ਸਿੰਘ, ਪਰਮਿੰਦਰ ਸਵੈਚ, ਗੁਰਦਰਸ਼ਨ ਬਾਦਲ ਅਤੇ ਇੰਦਰਜੀਤ ਧਾਮੀ ਵਿਸ਼ੇਸ਼ ਬੁਲਾਰੇ ਹੋਣਗੇ।

ਔਰਤਾਂ ਦੇ ਕਾਵਿ-ਸਿੰਪੋਜ਼ੀਅਮ ਵਿੱਚ ਸੁਰਜੀਤ ਕਲਸੀ, ਸਿਮਰਨ ਕ੍ਰਾਂਤੀ, ਡਾ. ਦਵਿੰਦਰ ਕੌਰ, ਜਸਵੰਤ ਕੇ. ਰਾਣਾ, ਸੁਖਪ੍ਰੀਤ ਬੱਧਣ, ਪ੍ਰੀਤਪਾਲ ਪੂਨੀ, ਨਮਿਤਾ ਕੋਹਲੀ, ਜਸਬੀਰ ਮਾਨ, ਹਰਸ਼ਰਨ ਕੌਰ, ਦਵਿੰਦਰ ਜੌਹਲ, ਸਤਵੰਤ ਪੰਧੇਰ, ਬਿੰਦੂ ਮਾਥਰੂ ਅਤੇ ਦਲਜੀਤ ਕੇ. ਖੈਸਲਾ ਆਪਣੀਆਂ ਕਾਵਿ-ਰਚਨਾਵਾਂ ਅਤੇ ਵਿਚਾਰਾਂ ਦੀ ਸਾਂਝ ਪਾਉਣਗੇ। ਸਮਾਗਮ ਸੰਬੰਧੀ ਵਧੇਰੇ ਜਾਣਕਾਰੀ ਲਈ ਗੌਤਮ ਨਾਲ ਫ਼ੋਨ ਨੰਬਰ 604-825-6960 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਅਰਪਨ ਲਿਖਾਰੀ ਸਭਾ ਕੈਲਗਰੀ ਦੀ ਸਾਹਿਤਕ ਮਹਿਫ਼ਿਲ ਵਿੱਚ ਕਵਿਤਾ, ਗੀਤਾਂ ਤੇ ਕਵੀਸ਼ਰੀ ਦੇ ਰੰਗ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਕੈਲਗਰੀ, 19 ਨਵੰਬਰ : ਅਰਪਨ ਲਿਖਾਰੀ ਸਭਾ ਕੈਲਗਰੀ ਦੀ ਸਾਹਿਤਕ ਮਿਲਣੀ ਕਵਿਤਾ, ਗੀਤਾਂ, ਕਵੀਸ਼ਰੀ ਅਤੇ ਵਿਚਾਰਾਂ ਦੀ ਸਾਂਝ ਨਾਲ ਯਾਦਗਾਰੀ ਹੋ ਨਿੱਬੜੀ। ਇਸ ਮੌਕੇ ਵਿਛੜੇ ਸਾਹਿਤਕਾਰਾਂ ਕੇ. ਐੱਲ. ਗਰਗ, ਹਰਭਜਨ ਸਿੰਘ ਹੁੰਦਲ ਅਤੇ ਇੰਗਲੈਂਡ ਵਾਸੀ ਗੁਰਨਾਮ ਸਿੰਘ ਢਿੱਲੋਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਨਵੰਬਰ 1984 ਦੇ ਸਿੱਖ ਕਤਲੇਆਮ ਦੇ ਨਿਰਦੇਸ਼ ਪੀੜਤਾਂ ਨੂੰ ਵੀ ਯਾਦ ਕੀਤਾ ਗਿਆ।

ਸਾਹਿਤਕ ਪੇਸ਼ਕਾਰੀਆਂ ਵਿੱਚ ਸੋਹਨ ਸਿੰਘ ਪਪਰਾਲਾ ਨੇ ਕੰਡਕਟਰ ਦੀ ਸੀਟੀ ਨਾਲ ਜੁੜੇ ਵਿਅੰਗ ਰਾਹੀਂ ਹਾਸਰਸ ਪੈਦਾ ਕੀਤਾ। ਮਾਸਟਰ ਹਰਭਜਨ ਸਿੰਘ ਨੇ 'ਸਨਮਾਨ ਨਹੀਂ ਤਾਂ ਹੋਰ ਕੀ ਐ', ਗੁਰਰਾਜ ਸਿੰਘ ਵਿਰਕ ਨੇ 'ਮਾਂ ਮੇਰੀ ਜ਼ਿੰਦਗੀ ਮੇਰੀ ਸ਼ਾਨ ਸੀ', ਜਰਨੈਲ ਤੱਗੜ ਨੇ ਨਸ਼ਿਆਂ ਬਾਰੇ 'ਟੀਕੇ ਲਾ ਲਾ ਮਰਦੇ ਨੇ' ਅਤੇ ਪਰਮਜੀਤ ਭੰਗੂ ਨੇ 'ਕੋਈ ਕੰਡਿਆਂ ਨਾਲ ਨਿਭਾ ਜਾਂਦਾ' ਕਵਿਤਾਵਾਂ ਪੇਸ਼ ਕੀਤੀਆਂ। ਜ

ਵਰਲਡ ਪੰਜਾਬੀ ਟਾਈਮਜ਼ 19 ਨਵੰਬਰ 2026 ਦਿਨ ਵੀਰਵਾਰ

ਪੀਏਯੂ ਵਿੱਚ ਜਾਰੀ ਕੌਮਾਂਤਰੀ ਨਦੀਨ ਕਾਨਫਰੰਸ ਦੇ ਦੂਜੇ ਦਿਨ ਦੁਨੀਆ ਭਰ ਦੇ ਵਿਗਿਆਨੀਆਂ ਨੇ ਕੀਤੀਆਂ ਵਿਚਾਰਾਂ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 19 ਨਵੰਬਰ : ਪੀ ਏ ਯੂ ਵਿਖੇ ਜਾਰੀ ਕੌਮਾਂਤਰੀ ਨਦੀਨ ਕਾਨਫਰੰਸ ਦੇ ਦੂਸਰੇ ਦਿਨ ਅੱਜ ਵੱਖ-ਵੱਖ ਸੈਸ਼ਨਾਂ ਵਿੱਚ ਦੁਨੀਆਂ ਭਰ ਦੇ ਵਿਗਿਆਨੀਆਂ ਨੇ ਫਸਲ ਉਤਪਾਦਨ, ਖੇਤੀ ਸਥਿਰਤਾ ਅਤੇ ਨਦੀਨਾਂ ਦੀ ਚੁਣੌਤੀ ਨੂੰ ਨਜਿੱਠਣ ਦੇ ਆਧੁਨਿਕ ਢੰਗਾਂ ਬਾਰੇ ਵਿਚਾਰ ਚਰਚਾ ਕੀਤੀ। ਇਸ ਦੌਰਾਨ ਚਾਰ ਵੱਖ-ਵੱਖ ਥਾਵਾਂ ਤੇ ਹੋਏ ਸੈਸ਼ਨਾਂ ਵਿੱਚ ਏਆਈ ਦੀ ਵਰਤੋਂ, ਡਰੋਨ ਤਕਨੋਲੋਜੀ ਅਤੇ ਹੋਰ ਨਵੀਨ ਵਿਧੀਆਂ ਰਾਹੀਂ ਨਦੀਨਾਂ ਦੀ ਪਛਾਣ, ਰੋਕਥਾਮ ਅਤੇ ਫਸਲ ਉਤਪਾਦਨ ਨੂੰ ਸਥਿਰ ਰੱਖਣ ਲਈ ਨਦੀਨ ਨਾਸ਼ਕਾਂ ਦੀ ਵਰਤੋਂ ਬਾਰੇ ਨਿਠ ਕੇ ਵਿਚਾਰ ਚਰਚਾ ਹੋਈ।





ਮੁਖ ਸੈਸ਼ਨ ਵਿੱਚ ਯੋਰੂਸ਼ਲਮ ਯੂਨੀਵਰਸਿਟੀ ਦੇ ਪ੍ਰੋਫੈਸਰ ਬਰਾਂਚੇ ਰੂਬਿਨ ਨੇ ਆਪਣਾ ਭਾਸ਼ਣ ਦਿੱਤਾ ਡਾਕਟਰ ਰੂਬਿਨ ਨੇ ਦੱਸਿਆ ਕਿ ਪਿਛਲੇ ਅੱਠ ਦਹਾਕਿਆਂ ਤੋਂ ਦੁਨੀਆਂ ਭਰ ਦੇ ਫਸਲ ਵਿਗਿਆਨੀਆਂ ਸਾਹਮਣੇ ਭੋਜਨ ਸੁਰੱਖਿਆ ਨੂੰ ਨਿਸ਼ਚਿਤ ਬਣਾਉਣ ਦੇ ਰਾਹ ਵਿੱਚ ਨਦੀਨ ਬਹੁਤ ਵੱਡੀ ਚੁਣੌਤੀ ਬਣੇ ਹੋਏ ਹਨ। ਬਦਲਦੇ ਮੌਸਮੀ ਹਾਲਾਤ ਅਤੇ ਸਥਿਤੀਆਂ ਦੇ ਮੱਦੇਨਜ਼ਰ ਇਹ ਚੁਣੌਤੀ ਹੋਰ ਗੰਭੀਰ ਅਤੇ ਔਖੀ ਹੁੰਦੀ ਜਾ ਰਹੀ ਹੈ। ਉਹਨਾਂ ਕਿਹਾ ਕਿ ਨਦੀਨ ਨਾਸ਼ਕਾਂ ਪ੍ਰਤੀ ਪੈਦਾ ਹੋਈ ਰੋਧਕਤਾ ਨਿਰੰਤਰ ਇਸ ਸਮੱਸਿਆ ਬਾਰੇ ਚਿੰਤਾ ਨੂੰ ਗੁਜ਼ਰਾ ਕਰ ਰਹੀ ਹੈ। ਡਾ ਰੂਬਿਨ ਨੇ ਦੁਨੀਆ ਭਰ ਦੇ ਵਿਕਸਿਤ ਖੇਤੀਬਾੜੀ ਢਾਂਚਿਆਂ ਵਿੱਚ ਨਦੀਨਾਂ ਦੀ ਰੋਕਥਾਮ ਲਈ ਵਰਤੇ ਜਾਣ ਵਾਲੇ ਸਰਬ ਪੱਖੀ ਨਦੀਨ ਪ੍ਰਬੰਧਾਂ ਦੀ ਜਾਣਕਾਰੀ ਵੀ ਦਿੱਤੀ। ਉਹਨਾਂ ਨੇ ਇਸ ਸੰਬੰਧ ਵਿੱਚ ਪੀ ਏ ਯੂ ਵੱਲੋਂ ਕੀਤੀਆਂ ਖੋਜਾਂ ਅਤੇ ਦਿੱਤੀਆਂ ਟੈਕਨੋਲਜੀਆਂ ਦਾ ਜ਼ਿਕਰ ਵਿਸ਼ੇਸ਼ ਪ੍ਰਸੰਸਾਭਾਵ ਨਾਲ ਕੀਤਾ। ਡਾ ਰੂਬਿਨ ਨੇ ਕਿਹਾ ਕਿ ਜੇਕਰ ਰਵਾਇਤ ਅਤੇ ਆਧੁਨਿਕ ਵਿਧੀਆਂ ਵਿਚਕਾਰ ਸਮਤੋਲ ਬਣਾਇਆ ਜਾਵੇ ਤਾਂ ਲਾਜ਼ਮੀ ਤੌਰ ਤੇ ਇਸ ਚੁਣੌਤੀ ਤੋਂ ਪਾਰ ਪਾਇਆ ਜਾ ਸਕਦਾ ਹੈ।

ਇਸ ਮੌਕੇ ਵੀਅਤਨਾਮ ਦੇ ਖੇਤੀਬਾੜੀ ਵਿਗਿਆਨੀ ਡਾ ਹੋ ਲੀ ਥੀ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਡਾ ਥੀ ਨੇ ਕਿਹਾ ਕਿ ਖੇਤੀਬਾੜੀ ਖਰਚਿਆਂ ਦਾ ਨਦੀਨ ਨਾਸ਼ਕਾਂ ਦੇ ਮੱਦੇ ਨਜ਼ਰ ਵਧਦੇ ਜਾਣਾ ਵਿਕਾਸਸ਼ੀਲ ਦੇਸ਼ਾਂ ਦੇ ਕਿਸਾਨਾਂ ਲਈ ਬੇਹਦ ਔਖਾ ਰਸਤਾ ਹੈ । ਇਸ ਮੌਕੇ ਨਦੀਨਾਂ ਨੂੰ ਰਵਾਇਤੀ ਤਰੀਕਿਆਂ ਨਾਲ ਖਤਮ ਵੀ ਨਹੀਂ ਕੀਤਾ ਜਾ ਸਕਦਾ, ਇਸ ਤਰਾਂ ਜੇਕਰ ਵਿਗਿਆਨੀ ਨਦੀਨਾਂ ਬਾਰੇ ਵਿਚਾਰ ਕਰਕੇ ਕੋਈ ਦਰਮਿਆਨਾ ਹੱਲ ਤਲਾਸ਼ ਕਰਨ ਤਾਂ ਹੀ ਸੰਸਾਰ ਦੀ ਭੋਜਨ ਸੁਰੱਖਿਆ ਨੂੰ ਬਹਾਲ ਕੀਤਾ ਜਾ ਸਕਦਾ ਹੈ।

ਇਸ ਸੈਸ਼ਨ ਦੀ ਪ੍ਰਧਾਨਗੀ ਪੀ ਏ ਯੂ ਦੇ ਨਿਰਦੇਸ਼ਕ ਪਸਾਰ ਸਿੱਖਿਆ ਡਾ ਮੱਖਣ ਸਿੰਘ ਭੁੱਲਰ ਨੇ ਕੀਤੀ। ਡਾ ਭੁੱਲਰ ਨੇ ਕਿਹਾ ਕਿ ਪੀ ਏ ਯੂ ਦੇ ਵਿਗਿਆਨੀਆਂ ਖੋਜੀਆਂ ਅਤੇ ਵਿਦਿਆਰਥੀਆਂ ਲਈ ਇਹ ਕਾਨਫਰੰਸ ਬੇਹਦ ਲਾਹੇਵੰਦ ਮੌਕਾ ਹੈ। ਇਸ ਨਾਲ ਨਾ ਸਿਰਫ ਸੰਸਾਰ ਦੇ ਵੱਖ-ਵੱਖ ਭੂ ਖੇਤਰਾਂ ਵਿੱਚ ਹੋਣ ਵਾਲੇ ਨਦੀਨਾਂ ਦੀ ਜਾਣਕਾਰੀ ਉਪਲਬਧ ਹੋ ਸਕੇਗੀ ਬਲਕਿ ਉੱਘੇ ਵਿਗਿਆਨੀਆਂ ਵੱਲੋਂ ਇਸ ਦਿਸ਼ਾ ਵਿੱਚ ਕੀਤਾ ਜਾਣ ਵਾਲਾ ਕਾਰਜ ਵੀ ਖੋਜੀਆਂ ਦੀ ਨਜ਼ਰ ਵਿੱਚ ਆ ਸਕੇਗਾ। ਉਹਨਾਂ ਆਸ ਪ੍ਰਗਟਾਈ ਕੇ ਕਾਨਫਰੰਸ ਤੋਂ ਪ੍ਰਾਪਤ ਸਿੱਟਿਆ ਦੀ ਸਹਾਇਤਾ ਨਾਲ ਪੰਜਾਬ ਵਿੱਚ ਨਦੀਨਾ ਦੀ ਰੋਕਥਾਮ ਲਈ ਕ੍ਰਾਂਤੀਕਾਰੀ ਕਦਮ ਚੁੱਕੇ ਜਾਣਗੇ।

ਜ਼ਿਕਰਯੋਗ ਹੈ ਕਿ ਅੱਜ ਦੇ ਸੈਸ਼ਨ ਵਿੱਚ ਏਆਈ, ਡਰੋਨ ਟੈਕਨੋਲੋਜੀ ਰਾਹੀਂ ਨਦੀਨਾਂ ਦੀ ਪਛਾਣ ਅਤੇ ਰੋਕਥਾਮ ਬਾਰੇ ਗੱਲਬਾਤ ਹੋਈ। ਇੱਕ ਸੈਸ਼ਨ ਦੌਰਾਨ ਵਿਸ਼ੇਸ਼ ਤੌਰ ਤੇ ਗਾਜਰ ਬੂਟੀ ਦੀ ਸਮੱਸਿਆ ਸੰਸਾਰ ਦੇ ਪ੍ਰਸੰਗ ਵਿੱਚ ਵਿਚਾਰੀ ਗਈ। ਕੱਲ੍ਹ ਇਸ ਕਾਨਫਰੰਸ ਦੇ ਤੀਸਰੇ ਦਿਨ ਸੰਸਾਰ ਪੱਧਰ ਦੇ ਹੋਰ ਵਿਗਿਆਨੀਆਂ ਵੱਲੋਂ ਕੀਤੇ ਜਾਣ ਵਾਲੇ ਭਾਸ਼ਣ ਅਤੇ ਵਿਚਾਰ ਚਰਚਾਵਾਂ ਉੱਪਰ ਭਾਗੀਦਾਰਾਂ ਦੀ ਨਜ਼ਰ ਬਣੀ ਰਹੇਗੀ।

ਡਾ ਕਮਲਦੀਪ ਸਿੰਘ ਸਾਂਘਾ ਨੇ ਪੀ ਏ ਯੂ ਦੇ ਅਪਰ ਨਿਰਦੇਸ਼ਕ ਸੰਚਾਰ ਦੀ ਜ਼ਿੰਮੇਵਾਰੀ ਸੰਭਾਲੀ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 19 ਨਵੰਬਰ : ਪੀ ਏ ਯੂ ਦੇ ਵਾਈਸ ਚਾਂਸਲਰ ਡਾ ਹਰਵਿੰਦਰ ਸਿੰਘ ਧਾਲੀਵਾਲ ਨੇ ਸੰਚਾਰ ਕੇਂਦਰ ਵਿਖੇ ਅਪਰ ਨਿਰਦੇਸ਼ਕ ਸੰਚਾਰ ਦੀ ਜ਼ਿੰਮੇਵਾਰੀ ਉੱਘੇ ਕੀਟ ਵਿਗਿਆਨੀ ਡਾ ਕਮਲਦੀਪ ਸਿੰਘ ਸਾਂਘਾ ਨੂੰ ਸੌਂਪੀ ਹੈ। ਡਾ ਸਾਂਘਾ ਬੀਤੇ ਤਿੰਨ ਦਹਾਕਿਆਂ ਤੋਂ ਪੀ ਏ ਯੂ ਦਾ ਹਿੱਸਾ ਹਨ ਤੇ ਉਨ੍ਹਾਂ ਨੇ ਵਿਸ਼ੇਸ਼ ਤੌਰ ਤੇ ਕੀਟਾਂ ਦੀ ਜੈਵਿਕ ਰੋਕਥਾਮ ਲਈ ਬੜਾ ਉੱਘਾ ਕਾਰਜ ਕੀਤਾ ਹੈ। ਵਾਤਾਵਰਨ ਦੀ ਸੰਭਾਲ ਅਤੇ ਖੇਤੀ ਸਥਿਰਤਾ ਦੇ ਨਾਲ ਨਾਲ ਖੇਤੀ ਵਿੱਚ ਰਸਾਇਣਾਂ ਦੀ ਵਰਤੋਂ ਘਟਾਉਣ ਪੱਖੋਂ ਡਾ ਸਾਂਘਾ ਦਾ ਕਾਰਜ ਬੇਹੱਦ ਮੁੱਲਵਾਨ ਹੈ।

ਵਾਈਸ ਚਾਂਸਲਰ ਡਾ ਧਾਲੀਵਾਲ ਨੇ ਆਪਣੇ ਸੰਦੇਸ਼ ਵਿਚ ਕਿਹਾ ਕਿ ਡਾ ਕਮਲਦੀਪ ਸਿੰਘ ਸਾਂਘਾ ਬੇਹੱਦ ਯੋਗ ਅਤੇ ਚਿੰਤਨਭਾਵੀ ਵਿਗਿਆਨੀ ਹਨ ਅਤੇ ਉਨ੍ਹਾਂ ਦੀ ਰਹਿਨੁਮਾਈ ਹੇਠ ਪੀ ਏ ਯੂ ਦਾ ਲੋਕ ਸੰਪਰਕ ਪੱਖ ਹੋਰ ਮਜ਼ਬੂਤ ਅਤੇ ਸੰਚਾਰੀ ਹੋ ਸਕੇਗਾ। ਡਾ ਸਾਂਘਾ ਨੇ ਇਸ ਮੌਕੇ ਪ੍ਰੈਸ ਅਤੇ ਮੀਡਿਆ ਨੂੰ ਮੁਖ਼ਾਤਿਬ ਹੁੰਦਿਆਂ ਕਿਹਾ ਕਿ ਪੀ ਏ ਯੂ ਨੇ ਪਸਾਰ ਅਤੇ ਕਿਸਾਨਾਂ ਤਕ ਤਕਨੀਕਾਂ ਪੁਚਾਉਣ ਦੇ ਮਾਮਲੇ ਵਿਚ ਬੜਾ ਅਹਿਮ ਕਾਰਜ ਕੀਤਾ ਹੈ। ਇਸ ਸੰਬੰਧ ਵਿਚ ਉਨ੍ਹਾਂ ਨੇ ਪ੍ਰੈਸ ਅਤੇ ਮੀਡੀਆ ਦੇ ਸਹਿਯੋਗ ਦੀ ਤਵੱਕੋ ਕਰਦਿਆਂ ਆਸ ਪ੍ਰਗਟਾਈ ਕਿ ਪੰਜਾਬ ਦੇ ਕਿਸਾਨੀ ਸਮਾਜ ਦੀ ਬਿਹਤਰੀ ਅਤੇ ਯੂਨੀਵਰਸਿਟੀ ਦੀਆਂ ਖੋਜਾਂ ਆਮ ਲੋਕਾਂ ਤਕ ਪੁਚਾਉਣ ਲਈ ਰਲ ਮਿਲ ਕੇ ਯਤਨ ਅੰਜਾਮ ਦਿੱਤੇ ਜਾਣਗੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਦੇਸ਼ਕ ਵਿਦਿਆਰਥੀ ਭਲਾਈ ਡਾ ਤੇਜਿੰਦਰ ਸਿੰਘ ਰਿਆੜ, ਡੀਨ ਬਾਗਬਾਨੀ ਕਾਲਜ ਡਾ ਰਿਸ਼ੀ ਇੰਦਰਾ ਸਿੰਘ ਗਿੱਲ, ਅਧਿਆਪਕ ਜਥੇਬੰਦੀ ਦੇ ਆਗੂ ਡਾ ਹਰਮੀਤ ਸਿੰਘ ਕਿੰਗਰਾ ਅਤੇ ਹੋਰ ਅਧਿਆਪਕ ਵੀ ਮੌਜੂਦ ਸਨ।

ਸਿਵਿਲ ਡਿਫੈਂਸ ਵੱਲੋਂ 27 ਨਵੰਬਰ ਰਾਤ 8 ਵਜੇ ਪਟਿਆਲਾ ਵਿਚ ਕਾਰਵਾਈ ਜਾਵੇਗੀ ਮੌਕ ਡਰਿੱਲ

ਲੋਕ ਕਿਸੇ ਤਰਾਂ ਦੀ ਘਬਰਾਹਟ 'ਚ ਨਾ ਆਉਣ- ਜਿਲ੍ਹਾ ਮਾਲ ਅਫਸਰ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 19 ਨਵੰਬਰ:ਜਿਲ੍ਹਾ ਮਾਲ ਅਫਸਰ ਸ੍ਰੀ ਕਰਮਜੋਤ ਸਿੰਘ ਨੇ ਜਾਣਕਾਰੀ ਦਿੰਦਿਆਂ ਦਸਿਆ ਕਿ ਸਿਵਲ ਡਿਫੈਂਸ ਵਿਭਾਗ ਦੀ ਤਿਆਰੀ ਨੂੰ ਮਜ਼ਬੂਤ ਕਰਨ ਲਈ ਇਕ ਸਰਗਰਮ ਕਦਮ ਵਜੋਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਦੀ ਅਗਵਾਈ ਵਿਚ ਸਿਵਿਲ ਡਿਫੈਂਸ ਅਤੇ ਪੰਜਾਬ ਹੋਮ ਗਾਰਡਜ ਵਿਭਾਗ ਵੱਲੋਂ 27 ਨਵੰਬਰ ਦੀ ਰਾਤ 8 ਵਜੇ ਪਟਿਆਲਾ ਵਿਖੇ ਏਅਰ ਰੇਡ ਵਾਰਨਿੰਗ ਦੌਰਾਨ /ਬਲੈਕਆਊਟ ਕਰਨ ਦੀ ਮੌਕ ਐਕਸਰਸਾਈਜ਼ ਕਰਵਾਈ ਜਾ ਰਹੀ ਹੈ।



ਓਹਨਾ ਦਸਿਆ ਕਿ ਇਹ ਮੌਕ ਐਕਸਰਸਾਈਜ਼ ਏਅਰ ਰੇਡ ਚੇਤਾਵਨੀ ਸਾਇਰਨ ਵੱਜਣ ਦੇ ਨਾਲ ਸ਼ੁਰੂ ਹੋਵੇਗੀ ਇਹ ਸਾਇਰਨ 02 ਮਿੰਟ ਲਗਾਤਾਰ ਉੱਚੀ ਪਿੱਚ ਤੇ ਵਜਾਇਆ ਜਾਵੇਗੀ। ਇਸ ਮੌਕ ਐਕਸਰਸਾਈਜ਼ ਦੌਰਾਨ ਡਿਪਟੀ ਕਮਿਸ਼ਨਰ-ਕਮ-ਕੰਟਰੋਲਰ, ਸਿਵਲ ਡਿਫੈਂਸ ਦੁਆਰਾ ਮੌਕ ਐਕਸਰਸਾਈਜ਼ ਲਈ ਨਿਰਧਾਰਤ ਖੇਤਰ 'ਚ ਬਲੈਕਆਊਟ ਲਾਗੂ ਕੀਤਾ ਜਾਵੇਗਾ। ਬਲੈਕਆਊਟ ਦੌਰਾਨ ਖੇਤਰ ਦੇ ਆਮ ਲੋਕਾਂ ਦੁਆਰਾ ਸਾਰੀਆਂ ਗੈਰ-ਜ਼ਰੂਰੀ ਲਾਈਟਾਂ ਨੂੰ ਬੰਦ ਰੱਖੀਆਂ ਜਾਵੇ। ਉਹਨਾ ਜਨਤਾ ਨੂੰ ਅਪੀਲ ਕੀਤੀ ਕਿ 8 ਵਜੇ ਆਪਣੇ ਘਰ ਕੇ ਸਿਕਉਰਟਿ ਕੈਮਰੇ ਅਤੇ ਇੰਨਵਰਟਰ 10 ਮਿੰਟ ਲਈ ਬੰਦ ਰੱਖਣ। ਓਹਨਾ ਇਹ ਵੀ ਕਿਹਾ ਕਿ ਬਲੈਕਆਊਟ ਦੌਰਾਨ ਜ਼ਰੂਰੀ ਸੇਵਾਵਾਂ ਚਾਲੂ ਰਹਿਣਗੀਆਂ। ਇੱਕ ਵਾਰ ਮੌਕ ਐਕਸਰਸਾਈਜ਼ ਪੂਰੀ ਹੋਣ ਤੋਂ ਬਾਅਦ, ਸਭ ਠੀਕ ਹੈ ਸਿਗਨਲ ਵਜਾਇਆ ਜਾਵੇਗਾ ਇਹ ਸਾਇਰਨ 02 ਮਿੰਟ ਲਈ ਲਗਾਤਾਰ ਉੱਚੀ ਅਤੇ ਨੀਵੀ ਪਿੱਚ ਨਾਲ ਵਜਾਇਆ ਜਾਵੇਗਾ, ਜੋ ਕਿ ਮੌਕ ਐਕਸਰਸਾਈਜ਼ ਦੇ ਸਮਾਪਤ ਹੋਣ ਦਾ ਸੰਕੇਤ ਹੋਵੇਗਾ।

ਸਿਵਿਲ ਡਿਫੈਂਸ ਦੇ ਅਡਿਸ਼ਨਲ ਕੰਟਰੋਲਰ ਸ੍ਰੀ ਗਗਨਪ੍ਰੀਤ ਸਿੰਘ ਢਿੱਲੋ ਅਤੇ ਚੀਫ਼ ਵਾਰਡਨ ਕੇ ਐਸ ਸੇਖੋਂ ਨੇ ਦਸਿਆ ਕਿ ਇਸ ਮੌਕ ਐਕਸਰਸਾਈਜ਼ ਦੌਰਾਨ ਫਾਇਰ ਰਿਸਪਾਂਸ ਆਪ੍ਰੇਸ਼ਨ, ਸਰਚ ਐਂਡ ਰੈਸਕਿਊ ਆਪ੍ਰੇਸ਼ਨ, ਫਸਟ-ਏਡ ਅਤੇ ਮੈਡੀਕਲ ਸਹਾਇਤਾ, ਜ਼ਖਮੀ ਵਿਅਕਤੀਆਂ ਨੂੰ ਬਾਹਰ ਕੱਢਣ, ਟ੍ਰੈਫਿਕ ਅਤੇ ਭੀੜ ਕੰਟਰੋਲ ਦੇ ਉਪਾਵਾਂ ਦਾ ਅਭਿਆਸ ਕੀਤਾ ਜਾਵੇਗਾ।

ਜਿਲ੍ਹਾ ਮਾਲ ਅਫਸਰ ਨੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਘਬਰਾਉਣ ਨਾ ਕਿਉਂਕਿ ਇਹ ਪੂਰੇ ਦੇਸ਼ ਭਰ ਵਿਚ ਸਿਵਲ ਡਿਫੈਂਸ ਦੀਆਂ ਤਿਆਰੀਆਂ ਦੀ ਜਾਂਚ ਕਰਨ ਲਈ ਇੱਕ ਰੁਟੀਨ ਮੌਕ ਡਰਿੱਲ ਹੈ। ਓਹਨਾ ਕਿਹਾ ਕਿ ਅਜਿਹੀਆਂ ਮੌਕ ਡਰਿੱਲ ਪਹਿਲਾਂ ਵੀ ਡੀ ਐਮ ਡਬਲਯੂ ਦੇਹੀਏ ਵਿਚ ਕਰਵਾਈ ਜਾ ਚੁੱਕੀ ਹੈ। ਇਹ ਕੇਵਲ ਅਭਿਆਸ ਹੈ ਜੋ ਕਿ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਸਿਵਿਲ ਡਿਫੈਂਸ ਵੱਲੋਂ ਕੀਤਾ ਜਾ ਰਿਹਾ ਹੈ।

PAU ਨੇ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਰਾਜ ਪੱਧਰੀ ਮਹਿਲਾ ਹੈਮਰ ਥ੍ਰੋਅ ਮੁਕਾਬਲੇ ਦੀ ਮੇਜ਼ਬਾਨੀ ਕੀਤੀ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 19 ਨਵੰਬਰ : ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (PAU), ਲੁਧਿਆਣਾ ਨੇ, ਵਿਦਿਆਰਥੀ ਭਲਾਈ ਡਾਇਰੈਕਟੋਰੇਟ (PAU) ਦੇ ਸਹਿਯੋਗ ਨਾਲ, ਚੱਲ ਰਹੀ 'ਖੇਡਾਂ ਵਤਨ ਪੰਜਾਬ ਦੀਆਂ' ਲੜੀ ਤਹਿਤ ਰਾਜ ਪੱਧਰੀ ਮਹਿਲਾ ਹੈਮਰ ਥ੍ਰੋਅ ਮੁਕਾਬਲੇ ਦੀ ਮੇਜ਼ਬਾਨੀ ਕੀਤੀ। ਇਸ ਸਮਾਗਮ ਵਿੱਚ ਪੂਰੇ ਪੰਜਾਬ ਤੋਂ ਮਹਿਲਾ ਖਿਡਾਰਨਾਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ, ਜਿਸ ਨਾਲ ਉਨ੍ਹਾਂ ਨੂੰ ਆਪਣੀ ਖੇਡ ਪ੍ਰਤਿਭਾ, ਤਾਕਤ ਅਤੇ ਮੁਕਾਬਲੇ ਦੀ ਭਾਵਨਾ ਦਿਖਾਉਣ ਦਾ ਮੌਕਾ ਮਿਲਿਆ।

ਇਹ ਮੁਕਾਬਲਾ ਚਾਰ ਉਮਰ ਵਰਗਾਂ—17 ਸਾਲ ਤੋਂ ਘੱਟ, 21 ਸਾਲ ਤੋਂ ਘੱਟ, 21-30 ਸਾਲ ਅਤੇ 31-40 ਸਾਲ—ਵਿੱਚ ਕਰਵਾਇਆ ਗਿਆ, ਜਿਸਦਾ ਉਦੇਸ਼ ਵੱਖ-ਵੱਖ ਉਮਰ ਵਰਗਾਂ ਦੀਆਂ ਔਰਤਾਂ ਨੂੰ ਖੇਡਾਂ ਵਿੱਚ ਹਿੱਸਾ ਲੈਣ ਅਤੇ ਇੱਕ ਸਿਹਤਮੰਦ ਤੇ ਸਰਗਰਮ ਜੀਵਨ ਸ਼ੈਲੀ ਅਪਣਾਉਣ ਲਈ ਉਤਸ਼ਾਹਿਤ ਕਰਨਾ ਸੀ।

PAU ਦੇ ਵਿਦਿਆਰਥੀ ਭਲਾਈ ਡਾਇਰੈਕਟਰ, ਡਾ. ਤੇਜਿੰਦਰ ਸਿੰਘ ਰਿਆੜ ਨੇ ਖੇਡ ਗਤੀਵਿਧੀਆਂ ਵਿੱਚ ਔਰਤਾਂ ਦੀ ਵਧਦੀ ਸ਼ਮੂਲੀਅਤ ਦੀ ਸ਼ਲਾਘਾ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਖੇਡਾਂ ਅਨੁਸ਼ਾਸਨ, ਆਤਮ-ਵਿਸ਼ਵਾਸ, ਸਰੀਰਕ ਤੰਦਰੁਸਤੀ ਅਤੇ ਅਗਵਾਈ ਦੇ ਗੁਣ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਜੇਤੂਆਂ ਨੂੰ ਵਧਾਈ ਦਿੰਦਿਆਂ, ਉਨ੍ਹਾਂ ਨੇ ਸਾਰੇ ਭਾਗੀਦਾਰਾਂ ਨੂੰ ਲਗਨ ਅਤੇ ਦ੍ਰਿੜਤਾ ਨਾਲ ਖੇਡਾਂ ਵਿੱਚ ਉੱਤਮਤਾ ਹਾਸਲ ਕਰਨ ਲਈ ਉਤਸ਼ਾਹਿਤ ਕੀਤਾ।

PAU ਦੇ ਵਾਈਸ-ਚਾਂਸਲਰ, ਡਾ. ਐਚ.ਐਸ. ਧਾਲੀਵਾਲ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਉਤਸ਼ਾਹਿਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਨਾ ਸਿਰਫ਼ ਖੇਡ ਪ੍ਰਤਿਭਾ ਦੀ ਪਛਾਣ ਕਰਨ ਅਤੇ ਉਸਨੂੰ ਨਿਖਾਰਨ ਲਈ ਇੱਕ ਮੰਚ ਪ੍ਰਦਾਨ ਕਰਦੇ ਹਨ, ਸਗੋਂ ਔਰਤਾਂ ਦੇ ਸਸ਼ਕਤੀਕਰਨ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਵਿੱਚ ਵੀ ਯੋਗਦਾਨ ਪਾਉਂਦੇ ਹਨ। ਉਨ੍ਹਾਂ ਨੇ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨ ਖਿਡਾਰੀਆਂ ਨੂੰ ਰਾਜ ਅਤੇ ਰਾਸ਼ਟਰੀ ਪੱਧਰ 'ਤੇ ਬਿਹਤਰ ਪ੍ਰਦਰਸ਼ਨ ਕਰਨ ਦੇ ਮੌਕੇ ਪ੍ਰਦਾਨ ਕਰਨ ਲਈ PAU ਦੀ ਵਚਨਬੱਧਤਾ ਨੂੰ ਦੁਹਰਾਇਆ।

ਇਹ ਮੁਕਾਬਲਾ ਭਾਗ ਲੈਣ ਵਾਲੀਆਂ ਖਿਡਾਰਨਾਂ ਅਤੇ ਪ੍ਰਬੰਧਕਾਂ ਦੀ ਸ਼ਲਾਘਾ ਨਾਲ ਸਮਾਪਤ ਹੋਇਆ, ਜਿਨ੍ਹਾਂ ਨੇ ਇਸ ਸਮਾਗਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਮੂਹਿਕ ਯਤਨ ਕੀਤੇ ਸਨ।

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵਿਖੇ ਐਚ ਡੀ ਬੀ ਫਾਇਨੈਂਸ਼ੀਅਲ ਸਰਵਿਸ ਅਤੇ ਐਂਬਰ ਐਂਟਰਪ੍ਰਾਈਜ਼ਜ਼ ਦਾ ਪਲੇਸਮੈਂਟ ਕੈਂਪ ਕੱਲ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 19 ਨਵੰਬਰ : ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵਿਖੇ ਮਿਤੀ 20 ਨਵੰਬਰ ਦਿਨ ਸ਼ੁੱਕਰਵਾਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਐਚ ਡੀ ਬੀ ਫਾਇਨੈਂਸ਼ੀਅਲ ਸਰਵਿਸ ਅਤੇ ਐਂਬਰ ਐਂਟਰਪ੍ਰਾਈਜ਼ਜ਼ ਦੇ ਨਿਯੋਜਕ ਵਲੋਂ ਫੀਲਡ ਆਫਿਸਰ, ਵੈਲਡਰ, ਫਿਟਰ ਅਤੇ ਟਰਨਰ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ, ਜ਼ਿਲ੍ਹਾ ਬਿਊਰੋ ਆਫ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਰਵਿੰਦਰਪਾਲ ਸਿੰਘ ਐਚ ਡੀ ਬੀ ਫਾਇਨੈਂਸ਼ੀਅਲ ਸਰਵਿਸ ਅਤੇ ਐਂਬਰ ਐਟਰਪ੍ਰਾਈਜ਼ਜ਼ ਦੇ ਨਿਯੋਜਕ ਵਲੋਂ ਫੀਲਡ ਆਫਿਸਰ, ਵੈਲਡਰ,